# ਦਫਤਰ ਡਾਇਰੈਕਟਰ ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ,

**ਨੇੜੇ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਫੇਸ 3ਬੀ-1, ਐਸ.ਏ.ਐਸ ਨਗਰ।**

**ਈ-ਮੇਲ recruitment@punjabeducation.gov.in Ph No. 0172-3115738**


---

ਮੀਮੋ ਨੰ.ਈ-719374/2024|30271| ਮਿਤੀ, ਐਸ.ਏ.ਐਸ. ਨਗਰ: 24-07-2024

## ਪਬਲਿਕ ਨੋਟਿਸ

ਸਕੂਲ ਸਿੱਖਿਆ ਵਿਭਾਗ ਅਧੀਨ 5994 ਈ.ਟੀ.ਟੀ.ਕਾਡਰ ਦਾ ਵਿਗਿਆਪਨ ਮਿਤੀ 12-10-2022 ਨੂੰ ਦਿੱਤਾ ਗਿਆ ਸੀ। ਜਿਸਦੀ ਅਪਲਾਈ ਕਰਨ ਦੀ ਆਖਰੀ ਮਿਤੀ 10-11-2022 ਸੀ। ਇਹਨਾਂ ਅਸਾਮੀਆਂ ਵਿੱਚ ਲਿਖਤੀ ਟੈਸਟ ਮਿਤੀ 05-03-2023 ਨੂੰ ਲਿਆ ਗਿਆ ਸੀ। ਸਿਵਲ ਰਿੱਟ ਪਟੀਸ਼ਨ ਨੰ. 6819 ਆਫ 2023 ਪਰਵਿੰਦਰ ਸਿੰਘ ਬਨਾਮ ਪੰਜਾਬ ਸਰਕਾਰ ਅਤੇ ਹੋਰ ਦੇ ਕੇਸ ਵਿੱਚ ਮਾਨਯੋਗ ਹਾਈਕੋਰਟ ਦੇ ਹੁਕਮ ਮਿਤੀ 30-04-2024 ਅਨੁਸਾਰ 5994 ਈ.ਟੀ.ਟੀ. ਭਰਤੀ ਦਾ ਪੇਪਰ-ਏ ਦੁਬਾਰਾ ਲਿਆ ਜਾਣਾ ਹੈ। ਇਸ ਮੰਤਵ ਲਈ 5994 ਈ.ਟੀ.ਟੀ. ਪੇਪਰ-ਏ (ਪੰਜਾਬੀ ਭਾਸ਼ਾ) ਦਾ ਸਿਲੇਬਸ ਵਿਭਾਗ ਦੀ ਵੈੱਬਸਾਈਟ www.educationrecruitmentboard.com ਤੇ ਮਿਤੀ 18-05-2024 ਨੂੰ ਅੱਪਲੋਡ ਕਰ ਦਿੱਤਾ ਗਿਆ ਹੈ। ਇਹਨਾਂ ਅਸਾਮੀਆਂ ਲਈ ਲਿਖਤੀ ਪੇਪਰ ਮਿਤੀ 28-07-2024 ਨੂੰ ਲਿਆ ਜਾਵੇਗਾ।

ਇਹਨਾਂ ਅਸਾਮੀਆਂ ਲਈ ਲਿਖਤੀ ਪੇਪਰ ਲੈਣ ਲਈ ਐਡਮਿਟ ਕਾਰਡ ਵੈਬਸਾਈਟ ਤੇ ਅਪਲੋਡ ਕਰ ਦਿੱਤੇ ਗਏ ਸਨ। ਉਸ ਉਪਰੰਤ ਪ੍ਰਬੰਧਕੀ ਕਾਰਨਾਂ ਕਰਕੇ ਹੇਠ ਲਿਖੇ 2 ਪ੍ਰੀਖਿਆ ਕੇਂਦਰਾਂ ਵਿੱਚ ਤਬਦੀਲੀ ਕੀਤੀ ਗਈ ਹੈ:-

| (ੳ) | (ਅ) | (ੲ) |
|---|---|---|
| ਲੜੀ ਨੰ: | ਪਹਿਲਾਂ ਬਣਾਏ ਗਏ ਪ੍ਰੀਖਿਆ ਕੇਂਦਰ ਦਾ ਪਤਾ | ਤਬਦੀਲ ਕੀਤੇ ਗਏ ਪ੍ਰੀਖਿਆ ਕੇਂਦਰ ਦਾ ਪਤਾ |
| 1. | Center Code 201, Govt. High School, Sector-40 A, Chandigarh. | Center Code 201, Govt. Model Sen.Sec. School, Sector-18, Chandigarh. |
| 2. | Center Code 220, Govt. High School, Sector-35 D, Chandigarh. | Center Code 220, Govt. Model High School Sector-48 D, Chandigarh. |

ਇਸ ਲਈ ਜਿਨ੍ਹਾਂ ਉਮੀਦਵਾਰਾਂ ਨੂੰ ਉਕਤ ਦਰਸਾਏ ਕਾਲਮ "(ਅ)" ਅਨੁਸਾਰ ਪ੍ਰੀਖਿਆ ਕੇਂਦਰ ਅਲਾਟ ਹੋਏ ਸਨ, ਕੇਵਲ ਉਹ ਉਮੀਦਵਾਰ ਮੁੜ ਤਬਦੀਲ ਕੀਤੇ ਗਏ ਕਾਲਮ "(ੲ)" ਵਿੱਚ ਦਰਸਾਏ ਨਵੇਂ ਕੇਂਦਰਾਂ ਅਨੁਸਾਰ ਐਡਮਿਟ ਕਾਰਡ ਵੈਬਸਾਈਟ ਤੋਂ ਮੁੜ ਡਾਊਨਲੋਡ ਕਰ ਲੈਣ ਅਤੇ ਪ੍ਰੀਖਿਆ ਲਈ ਸਬੰਧਤ ਕੇਂਦਰਾਂ ਵਿਖੇ ਰਿਪੋਰਟ ਕਰਨਾ ਯਕੀਨੀ ਬਣਾਉਣ।

24/07/24

ਸਹਾਇਕ ਡਾਇਰੈਕਟਰ

ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ